
# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES
A Punjabi News Protal & Epaper From Winnipeg, Canada
Visit us at : www.worldpunjabitimes.com
Mob: 7973333573, +1 (418) 887-0162
ਮਾਸਟਰ ਪਰਮਵੇਦ

Epaper World Punjabi Times     08 ਮਈ 2025 ਦਿਨ ਵੀਰਵਾਰ     ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਲੋਕ ਕਵੀ ਗੁਰਦਾਸ ਰਾਮ ਆਲਮ ਸਾਹਿਤ ਸਭਾ ਕੈਨੇਡਾ ਵੱਲੋਂ ਸਾਹਿਤਕ ਸੰਮੇਲਨ 18 ਮਈ ਨੂੰ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 8 ਮਈ : ਲੋਕ ਕਵੀ ਗੁਰਦਾਸ ਰਾਮ ਆਲਮ ਸਾਹਿਤ ਸਭਾ ਕੈਨੇਡਾ ਵੱਲੋਂ ਆਪਣਾ ਦਸਵਾਂ ਛਿਮਾਹੀ ਸਾਹਿਤਕ ਸੰਮੇਲਨ 18 ਮਈ 2025 (ਐਤਵਾਰ) ਨੂੰ ਬਾਅਦ ਦੁਪਹਿਰ 1 ਵਜੇ ਤੋਂ 3 ਵਜੇ ਤੱਕ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਸਭਾ ਦੇ ਸੰਸਥਾਪਕ ਪ੍ਰਿੰਸੀਪਲ ਮਲੂਕ ਚੰਦ ਕਲੇਰ ਨੇ ਦੱਸਿਆ ਹੈ ਕਿ ਇਹ ਸਮਾਗਮ ਇੰਡੋ ਕਨੇਡੀਅਨ ਸੀਨੀਅਰ ਸੈਂਟਰ ਸਰੀ ਡੈਲਟਾ ਵਿਖੇ ਹੋਵੇਗਾ ਜਿਸ ਵਿੱਚ ਲੋਕ ਕਵੀ ਗੁਰਦਾਸ ਰਾਮ ਆਲਮ ਨੂੰ ਯਾਦ ਕੀਤਾ ਜਾਵੇਗਾ। ਉਹਨਾਂ ਇਹ ਸਮਾਗਮ ਵਿੱਚ ਸਮੂਹ ਸਾਹਿਤਿਕ ਪ੍ਰੇਮੀਆਂ ਨੂੰ ਸ਼ਾਮਿਲ ਹੋਣ ਦਾ ਸੱਦਾ ਦਿੱਤਾ ਹੈ।




## ਰਾਜਵੀਰ ਢਿੱਲੋਂ ਆਪਣੇ ਸਮਰਥਕਾਂ ਅਤੇ ਵੋਟਰਾਂ ਸਮੇਤ ਗੁਰਦੁਆਰਾ ਸਿੰਘ ਸਭਾ ਵਿਖੇ ਹੋਏ ਨਤਮਸਤਕ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 8 ਮਈ : 28 ਅਪੈਲ ਨੂੰ ਕੈਨੇਡਾ ਦੀਆਂ ਪਾਰਲੀਮੈਂਟਰੀ ਚੋਣਾਂ ਵਿਚ ਸਰੀ ਸੈਂਟਰ ਹਲਕੇ ਤੋਂ ਕੰਸਰਵੇਟਿਵ ਪਾਰਟੀ ਦੇ ਉਮੀਦਵਾਰ ਰਾਜਵੀਰ ਸਿੰਘ ਢਿੱਲੋਂ ਬੀਤੇ ਦਿਨ ਗੁਰਦੁਆਰਾ ਸਿੰਘ ਸਭਾ ਵਿਖੇ ਨਤਮਸਤਕ ਹੋਏ। ਇਸ ਮੌਕੇ ਗੱਲਬਾਤ ਕਰਦਿਆਂ ਸ. ਢਿੱਲੋਂ ਨੇ ਕਿਹਾ ਕਿ ਉਹ ਗੁਰੂ ਸਾਹਿਬ ਪ੍ਰਤੀ ਅਟੁੱਟ ਸ਼ਰਧਾ ਅਤੇ ਵਿਸ਼ਵਾਸ ਰਖਦੇ ਹਨ। ਗੁਰੂ ਸਾਹਿਬ ਅੱਗੇ ਅਰਦਾਸ ਕਰਨ ਉਪਰੰਤ ਉਹਨਾਂ ਚੋਣ ਪਚਾਰ ਸ਼ੁਰੂ ਕੀਤਾ ਸੀ। ਇਹ ਗੁਰੂ ਮਹਾਰਾਜ ਦੀ ਅਪਾਰ ਕ੍ਰਿਪਾ ਅਤੇ ਸਰੀ ਸੈਂਟਰ ਹਲਕੇ ਦੇ ਵੋਟਰਾਂ ਦਾ ਸਹਿਯੋਗ ਹੀ ਸੀ, ਜਿਸ ਨੇ ਇਸ ਹਲਕੇ ਨੂੰ ਕੈਨੇਡਾ ਦੇ ਉਹਨਾਂ 28 ਹਲਕਿਆਂ ਵਿੱਚ ਸ਼ੁਮਾਰ ਕਰ ਦਿੱਤਾ ਜਿੱਥੇ ਕਿ ਚੋਣ ਮੁਕਾਬਲਾ ਬਹੁਤ ਤਿੱਖਾ ਸੀ। ਇਹ ਪਹਿਲੀ ਵਾਰ ਸੀ ਕਿ ਸਰੀ ਸੈਂਟਰ ਹਲਕੇ ਤੋਂ ਕਿਸੇ ਕੰਸਰਵੇਟਿਵ ਉਮੀਦਵਾਰ ਨੂੰ ਏਨੀ ਵੋਟ ਪਈ ਕਿ ਇਹ ਹਲਕਾ ਵੋਟ ਪ੍ਰਤੀਸ਼ਤ ਵਿੱਚ ਵਾਧੇ ਪੱਖੋਂ ਕੈਨੇਡਾ ਵਿੱਚ ਚੌਥੇ ਸਥਾਨ ‘ਤੇ ਰਿਹਾ।



ਸ. ਢਿੱਲੋਂ ਨੇ ਕਿਹਾ ਕਿ ‘ਮੈਂ ਇੱਕ ਸਾਧਾਰਣ ਵਿਅਕਤੀ ਹਾਂ, ਮੈਨੂੰ ਨਾ ਤਾਂ ਕੋਈ ਰਾਜਨੀਤਕ ਤਜਰਬਾ ਹਾਸਿਲ ਸੀ ਅਤੇ ਨਾ ਹੀ ਮੇਰਾ ਕੋਈ ਰਾਜਨੀਤਕ ਪਿਛੋਕੜ ਹੈ। ਮੇਰੀ ਕਹਾਣੀ ਤਾਂ ਉਰਦੂ ਦੇ ਉਸ ਸ਼ਿਅਰ ਵਾਂਗ ਹੈ ਕਿ, ‘ਮੈਂ ਅਕੇਲਾ ਹੀ ਚਲਾ ਥਾ ਜਾਨਿਬ-ਏ-ਮੰਜ਼ਿਲ ਮਗਰ, ਲੋਗ ਸਾਥ ਆਤੇ ਗਏ ਔਰ ਕਾਰਵਾਂ ਬਨਤਾ ਗਿਆ।’

ਸਰੀ ਸੈਂਟਰ ਹਲਕੇ ਦੇ ਵੋਟਰਾਂ ਨੇ ਮੈਨੂੰ ਜੋ ਪਿਆਰ ਅਤੇ ਸਹਿਯੋਗ ਦਿੱਤਾ ਹੈ, ਉਹ ਸ਼ਾਇਦ ਹੀ ਪਹਿਲਾਂ ਕਦੇ ਕਿਸੇ ਕੰਸਰਵੇਟਿਵ ਪਾਰਟੀ ਦੇ ਉਮੀਦਵਾਰ ਦੇ ਹਿੱਸੇ ਆਇਆ ਹੋਵੇ। ਇਸ ਪਿਆਰ, ਸਹਿਯੋਗ ਲਈ ਉਹ ਸਰੀ ਸੈਂਟਰ ਹਲਕੇ ਦੇ ਵੋਟਰਾਂ ਦੇ ਸਦਾ ਰਿਣੀ ਰਹਿਣਗੇ। ਆਪਣੇ ਨਿਮਰ ਸੁਭਾਅ ਲਈ ਜਾਣੇ ਜਾਂਦੇ ਰਾਜਵੀਰ ਢਿੱਲੋਂ ਨੇ ਕਿਹਾ ਕਿ ‘ਸ਼ਾਇਦ ਗੁਰੂ ਮਹਾਰਾਜ ਮੇਰੇ ‘ਤੇ ਕੋਈ ਵੱਡੀ ਜ਼ਿੰਮੇਵਾਰੀ ਪਾਉਣ ਤੋਂ ਪਹਿਲਾਂ ਮੈਨੂੰ ਉਸ ਜ਼ਿੰਮੇਵਾਰੀ ਨੂੰ ਠੀਕ ਢੰਗ ਨਾਲ ਨਿਭਾਉਣ ਦੇ ਸਮਰੱਥ ਹੋਣ ਲਈ ਤਿਆਰੀ ਦਾ ਮੌਕਾ ਦੇ ਰਹੇ ਹਨ। ਮੈਂ ਗੁਰੂ ਮਹਾਰਾਜ ਦੇ ਭਾਣੇ ਵਿੱਚ ਬਹੁਤ ਖੁਸ਼ ਹਾਂ ਅਤੇ ਹਲਕੇ ਦੇ ਵੋਟਰਾਂ ਅਤੇ ਆਪਣੇ ਸਹਿਯੋਗੀਆਂ ਸਮੇਤ ਗੁਰੂ ਮਹਾਰਾਜ ਦਾ ਸ਼ੁਕਰਾਨਾ ਕਰਨ ਅਤੇ ਸਦਾ ਚੜ੍ਹਦੀ ਕਲਾ ਬਣਾਈ ਰੱਖਣ ਦੀ ਅਰਦਾਸ ਕਰਨ ਲਈ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਆਏ ਹਾਂ’।

ਇਸ ਮੌਕੇ ਉਹਨਾਂ ਨਾਲ ਸਰੀ ਨਿਊਟਨ ਤੋਂ ਉਮੀਦਵਾਰ ਰਹੇ ਹਰਜੀਤ ਸਿੰਘ ਗਿੱਲ, ਐਮ.ਐਲ.ਏ. ਮਨਦੀਪ ਸਿੰਘ ਧਾਲੀਵਾਲ, ਜਗਜੀਤਪਾਲ ਸਿੰਘ ਸੰਧੂ, ਰਿੱਕੀ ਬਾਜਵਾ, ਜਸਦੀਪ ਸਿੱਧੂ, ਬਲਬੀਰ ਸਿੰਘ ਢੋਟ, ਕਬੱਡੀ ਪ੍ਰਮੋਟਰ ਬਲਬੀਰ ਬੈਂਸ, ਗੁਰਪਤਾਪ ਸਿੰਘ ਵਿਰਕ, ਬਲਵਿੰਦਰ ਸਿੰਘ ਧਾਲੀਵਾਲ, ਜਗਦੀਪ ਸੰਧੂ, ਇਕਬਾਲ ਸੰਧੂ ਆਦਿ ਹਾਜਰ ਸਨ।

## 7 ਜੂਨ ਨੂੰ ਸ਼ਹੀਦ ਕਾਮਰੇਡ ਅਮੋਲਕ ਸਿੰਘ ਔਲਖ ਅਤੇ ਸਾਥੀਆਂ ਦਾ 34ਵਾਂ ਬਰਸੀ ਸਮਾਗਮ ਪਿੰਡ ਔਲਖ ਵਿਖੇ ਪੂਰੇ ਉਤਸ਼ਾਹ ਨਾਲ ਮਨਾਉਣ ਦਾ ਫੈਸਲਾ

### ਭਾਰਤੀ ਕਮਿਊਨਿਸਟ ਪਾਰਟੀ ਦੀ 21 ਤੋਂ 25 ਸਤੰਬਰ ਤੱਕ ਚੰਡੀਗੜ੍ਹ ਵਿਖੇ ਹੋ ਰਹੀ ਕੌਮੀ ਕਾਨਫਰੰਸ ਲਈ ਤਿਆਰੀਆਂ ਤੇਜ਼

### ਪਾਰਟੀ ਨਾਲ ਜੁੜੇ ਸਮੂਹ ਵਰਕਰ ਇਹਨਾਂ ਸਮਾਗਮਾਂ ਦੀ ਸਫਲਤਾ ਲਈ ਹੁਣ ਤੋਂ ਸਰਗਰਮੀਆਂ ਸ਼ੁਰੂ ਕਰਨ : ਕਾਮਰੇਡ ਹਰਦੇਵ ਅਰਸ਼ੀ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ





ਕੋਟਕਪੂਰਾ, 8 ਮਈ : ਭਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਫਰੀਦਕੋਟ ਦੇ ਕੌਂਸਲ ਮੈਂਬਰਾਂ ਦੀ ਇੱਕ ਜ਼ਰੂਰੀ ਮੀਟਿੰਗ ਅੱਜ ਸ਼ਹੀਦ ਕਾਮਰੇਡ ਅਮੋਲਕ ਸਿੰਘ ਭਵਨ ਵਿਖੇ ਕਾਮਰੇਡ ਮਨਜੀਤ ਕੌਰ ਨੱਥੇਵਾਲਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਨੂੰ ਸੰਬੋਧਨ ਕਰਨ ਲਈ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਅਰਸ਼ੀ ਉਚੇਚੇ ਤੌਰ ਤੇ ਸ਼ਾਮਿਲ ਹੋਏ। ਮੀਟਿੰਗ ਦੇ ਆਰੰਭ ਵਿੱਚ ਬੀਤੇ ਦਿਨੀਂ ਪਹਿਲਗਾਮ ਵਿਖੇ ਵਾਪਰੀ ਮੰਦਭਾਗੀ ਘਟਨਾ ਦੌਰਾਨ ਸਦੀਵੀ ਵਿਛੋੜਾ ਦੇ ਗਏ ਵਿਅਕਤੀਆਂ ਦੀ ਯਾਦ ਵਿੱਚ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਾਮਰੇਡ ਹਰਦੇਵ ਸਿੰਘ ਅਰਸ਼ੀ ਨੇ ਦੇਸ਼ ਅਤੇ ਗੁਆਂਢੀ ਦੇਸ਼ ਪਾਕਿਸਤਾਨ ਦੀਆਂ ਸਰਹੱਦਾਂ ਤੇ ਬਣੇ ਤਾਜ਼ਾ ਤਣਾਅ ਪੂਰਨ ਹਾਲਤਾਂ ਪ੍ਰਤੀ ਡੂੰਘੀ ਚਿੰਤਾ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਮੌਜੂਦਾ ਦੌਰ ਦੌਰਾਨ ਦੇਸ਼ ਵਿੱਚ ਸਾਂਝਾ ਭਾਈਚਾਰਾ ਕਾਇਮ ਰੱਖਣ ਦੀ ਲੋੜ ਤੇ ਜ਼ੋਰ ਦਿੰਦੇ ਹੋਏ ਕਿਹਾ ਕਿ ਜੰਗਾਂ ਹਮੇਸ਼ਾਂ ਹੀ ਸਾਡਾ ਵੱਡੇ ਪੱਧਰ ਤੇ ਜਾਨੀ ਅਤੇ ਮਾਲੀ ਨੁਕਸਾਨ ਕਰਦੀਆਂ ਹਨ, ਜਿਸ ਦੀ ਭਰਪਾਈ ਕਈ ਕਈ ਦਹਾਕੇ ਨਹੀਂ ਹੋ ਸਕਦੀ। ਉਹਨਾਂ ਨੇ ਭਾਰਤੀ ਕਮਿਉਨਿਸਟ ਪਾਰਟੀ ਵੱਲੋਂ 21 ਤੋਂ 25 ਦਸੰਬਰ ਨੂੰ ਚੰਡੀਗੜ੍ਹ ਵਿਖੇ ਕੀਤੀ ਜਾ ਰਹੀ 25ਵੀਂ ਕੌਮੀ ਕਾਨਫਰੰਸ ਨੂੰ ਹਰ ਪੱਖ ਤੋਂ ਸਫਲ ਬਣਾਉਣ ਲਈ ਸਮੂਹ ਵਰਕਰਾਂ ਨੂੰ ਲਾਮਬੰਦ ਅਤੇ ਪ੍ਰੇਰਿਤ ਕੀਤਾ। ਮੀਟਿੰਗ ਦੌਰਾਨ 7 ਜੂਨ ਨੂੰ ਸ਼ਹੀਦ ਕਾਮਰੇਡ ਅਮੋਲਕ ਸਿੰਘ ਔਲਖ ਅਤੇ ਉਹਨਾਂ ਦੇ ਸਾਥੀਆਂ ਦੀ 34ਵੀ ਬਰਸੀ ਨੂੰ ਸਫਲ ਬਣਾਉਣ ਲਈ ਤੇ ਵੱਧ ਤੋਂ ਵੱਧ ਪਿੰਡਾਂ ਦੇ ਸਾਥੀਆਂ ਦੀ ਬਰਸੀ ਸਮਾਗਮ ਵਿੱਚ ਸ਼ਮੂਲੀਅਤ ਕਰਵਾਉਣ ਲਈ ਵੱਖ ਵੱਖ ਆਗੂ ਸਾਥੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਇਸ ਮੀਟਿੰਗ ਵਿੱਚ ਆਪਣੇ ਵਿਚਾਰ ਪੇਸ਼ ਕਰਦੇ ਹੋਏ ਪੰਜਾਬ ਖੇਤ ਮਜ਼ਦੂਰ ਸਭਾ ਦੇ ਆਗੂ ਕਾਮਰੇਡ ਗੁਰਨਾਮ ਸਿੰਘ ਮਾਨੀ ਸਿੰਘ ਵਾਲਾ, ਗੁਰਚਰਨ ਸਿੰਘ ਮਾਨ, ਨਰੇਗਾ ਮਜ਼ਦੂਰਾਂ ਦੇ ਆਗੂ ਗੋਰਾ ਪਿਪਲੀ, ਕੁਲ ਹਿੰਦ ਕਿਸਾਨ ਸਭਾ ਦੇ ਆਗੂ ਸੁਖਜਿੰਦਰ ਸਿੰਘ ਤੂੰਬੜਭੰਨ, ਪੈਨਸ਼ਨਰ ਆਗੂ ਹਰਪਾਲ ਸਿੰਘ ਮਚਾਕੀ, ਇੰਦਰਜੀਤ ਸਿੰਘ ਗਿੱਲ, ਪ੍ਰੇਮ ਚਾਵਲਾ ਤੇ ਸੋਮਨਾਥ ਅਰੋੜਾ ਨੇ ਭਰੋਸਾ ਦਿਵਾਇਆ ਕਿ ਸਮੂਹ ਸਾਥੀ 7 ਜੂਨ ਨੂੰ ਪਿੰਡ ਔਲਖ ਵਿਖੇ ਮਨਾਏ ਜਾ ਰਹੇ ਬਰਸੀ ਸਮਾਗਮ ਨੂੰ ਹਰ ਪੱਖ ਤੋਂ ਸਫਲ ਬਣਾਉਣ ਲਈ ਆਪਣੇ ਯਤਨ ਅੱਜ ਤੋਂ ਹੀ ਸ਼ੁਰੂ ਕਰਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵੀਰਪਾਲ ਕੌਰ ਬੱਗੇਆਣਾ, ਚਰਨਜੀਤ ਸਿੰਘ ਚਮੇਲੀ, ਸੁਖਦਰਸ਼ਨ ਰਾਮ ਸ਼ਰਮਾ, ਬੋਹੜ ਸਿੰਘ ਔਲਖ, ਜਸਵੰਤ ਸਿੰਘ ਔਲਖ, ਮੁਖਤਿਆਰ ਸਿੰਘ ਭਾਣਾ, ਜਸਵਿੰਦਰ ਸਿੰਘ, ਜਸਪਾਲ ਸਿੰਘ, ਲਖਵਿੰਦਰ ਸਿੰਘ ਅਤੇ ਪੱਪੀ ਸਿੰਘ ਢਿੱਲਵਾਂ ਆਦਿ ਵੀ ਸ਼ਾਮਲ ਸਨ।

## ਗੁਰੂ ਨਾਨਕ ਜਹਾਜ਼ ਦੀ 111ਵੀਂ ਵਰ੍ਹੇ-ਗੰਢ ‘ਤੇ 25 ਮਈ ਨੂੰ ਵੈਨਕੂਵਰ ‘ਚ ਹੋਵੇਗਾ ਵਿਸ਼ੇਸ਼ ਸਮਾਗਮ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 8 ਮਈ : ਗੁਰੂ ਨਾਨਕ ਜਹਾਜ਼ ਦੇ ਚੜ੍ਹਦੀ’ ਕਲਾ ਦੇ ਸਫ਼ਰ ਦੇ 111ਵੇਂ ਸਾਲ ‘ਤੇ, ਕੈਨੇਡਾ ਦੀ ਧਰਤੀ ‘ਤੇ ਵੈਨਕੂਵਰ ਦੇ ਸਮੁੰਦਰੀ ਤੱਟ ‘ਤੇ (1199 ਵੈਸਟ ਕਾਰਡੋਵਾ ਸਟਰੀਟ) ਗੁਰੂ ਨਾਨਕ ਜਹਾਜ਼ ਮੈਮੋਰੀਅਲ ਸਮਾਰਕ ਉੱਪਰ 25 ਮਈ ਨੂੰ ਦੁਪਹਿਰ 2 ਵਜੇ ਤੋਂ 5 ਵਜੇ ਤੱਕ ਵਿਸ਼ੇਸ਼ ਪ੍ਰੋਗਰਾਮ ਕੀਤਾ ਜਾ ਰਿਹਾ ਹੈ।




ਇਸ ਸਮਾਗਮ ਸਬੰਧੀ ਪੋਸਟਰ ਬੀਤੇ ਦਿਨ ਮੀਡੀਆ ਨਾਲ ਸੰਬੰਧਤ ਸ਼ਖ਼ਸੀਅਤਾਂ ਗੁਰਪ੍ਰੀਤ ਸਿੰਘ ਸਹੋਤਾ (ਚੜ੍ਹਦੀ ਕਲਾ ਨਿਊਜ਼ ਗਰੁੱਪ ਅਤੇ ਚੈਨਲ ਪੰਜਾਬੀ), ਭੁਪਿੰਦਰ ਸਿੰਘ ਮੱਲ੍ਹੀ (ਸਾਊਥ ਏਸ਼ੀਅਨ ਰਿਵਿਊ), ਬਲਜਿੰਦਰ ਕੌਰ (ਬੀ ਕੌਰ ਮੀਡੀਆ), ਰਛਪਾਲ ਸਿੰਘ ਗਿੱਲ (ਪੰਜਾਬੀ ਟ੍ਰਿਬਿਊਨ), ਡਾ. ਪੂਰਨ ਸਿੰਘ ਗਿੱਲ (ਪੰਜਾਬ ਟਾਈਮਜ਼), ਹਰਕੀਰਤ ਸਿੰਘ ਕੁਲਾਰ (ਪੰਜਾਬ ਗਾਰਡੀਅਨ), ਬਲਦੇਵ ਸਿੰਘ ਮਾਨ (ਰੈਡ ਐਫ. ਐਮ.), ਸੁਖਵਿੰਦਰ ਸਿੰਘ ਚੋਹਲਾ (ਦੇਸ ਪਰਦੇਸ ਟਾਈਮਜ਼), ਸੁੱਖੀ ਕੌਰ (ਸ਼ੇਰੇ ਪੰਜਾਬ ਰੇਡੀਓ,1550 ਏ.ਐਮ.), ਅਮਰਪਾਲ ਸਿੰਘ (ਕੈਨੇਡੀਅਨ ਪੰਜਾਬ ਟਾਈਮਜ਼ ਤੇ ਪੰਜਾਬੀ ਟ੍ਰਿਬਿਊਨ), ਬਲਵੀਰ ਕੌਰ ਢਿੱਲੋਂ (ਬੀ ਕੌਰ ਮੀਡੀਆ), ਸੰਤੋਖ ਸਿੰਘ ਮੰਡੇਰ (ਇੰਡੋ ਕੈਨੇਡੀਅਨ ਟਾਈਮਜ਼) ਵੱਲੋਂ ਤਾਜ ਕਨਵੈਨਸ਼ਨ ਸੈਂਟਰ ਸਰੀ ਵਿਖੇ ਰਿਲੀਜ਼ ਕੀਤਾ ਗਿਆ।

ਗੁਰੂ ਨਾਨਕ ਜਹਾਜ਼ ਹੈਰੀਟੇਜ ਸੁਸਾਇਟੀ ਵੱਲੋਂ ਜਾਣਕਾਰੀ ਦਿੰਦਿਆਂ ਡਾ. ਗੁਰਵਿੰਦਰ ਸਿੰਘ ਨੇ ਕਿਹਾ ਕਿ ਗੁਰੂ ਨਾਨਕ ਜਹਾਜ਼’ ਦਾ ਸਫ਼ਰ ਬਸਤੀਵਾਦ ਅਤੇ ਨਸਲਵਾਦ ਦਾ, ਚੜ੍ਹਦੀ ਕਲਾ ਅਤੇ ਭਾਈਚਾਰਕ ਸਾਂਝ ਨਾਲ ਮੁਕਾਬਲਾ ਕਰਨ ਵਾਲੇ ਮੁਸਾਫਿਰਾਂ ਦੀ, ਨਿੱਡਰ ਅਤੇ ਸੁਤੰਤਰ ਹਸਤੀ ਦਾ ਦੁਰਲੱਭ ਇਤਿਹਾਸ ਹੈ। ਗੁਰੂ ਨਾਨਕ ਜਹਾਜ਼ ਸੰਘਰਸ਼ ਅਤੇ ਮਨੁੱਖੀ ਹੱਕਾਂ ਲਈ ਘੋਲ ਦਾ ਸ਼ਾਨਦਾਰ ਇਤਿਹਾਸ ਹੈ। ਉਨ੍ਹਾਂ ਦੱਸਿਆ ਕਿ ਇਸ ਵਰ੍ਹੇ ਦੇ ਸਮਾਗਮ ਵਿੱਚ ਗੁਰੂ ਨਾਨਕ ਜਹਾਜ਼ ਦੇ ਮੁਸਾਫਿਰਾਂ ਦੇ ਇਤਿਹਾਸ ਤੋਂ ਇਲਾਵਾ. ਸ਼ਹੀਦ ਭਾਈ ਮੇਵਾ ਸਿੰਘ ਲੋਪੋਕੇ ਦੀ ਸ਼ਹਾਦਤ ਬਾਰੇ ਵਿਸ਼ੇਸ਼ ਪ੍ਰੋਗਰਾਮ ਹੋਵੇਗਾ। ਗੁਰੂ ਨਾਨਕ ਜਹਾਜ਼ ਹੈਰੀਟੇਜ ਸੁਸਾਇਟੀ ਤੇ ਬੀਸੀ ਖਾਲਸਾ ਦਰਬਾਰ ਵੈਨਕੂਵਰ ਤੋਂ ਇਲਾਵਾ ਵਣਜਾਰਾ ਨੋਮੈਡ ਕੁਲੈਕਸ਼ਨਜ਼, ਗ਼ਦਰ ਮੈਮੋਰੀਅਲ ਸੁਸਾਇਟੀ ਆਫ ਕੈਨੇਡਾ ਸਣੇ ਵੱਖ-ਵੱਖ ਸੰਸਥਾਵਾਂ ਵੱਲੋਂ ਸਾਂਝੇ ਤੌਰ ‘ਤੇ, ਬੋਰਡ ਆਫ ਪਾਰਕ ਐਂਡ ਰੀਕ੍ਰੀਏਸ਼ਨ ਤੇ ਵੈਨਕੂਵਰ ਸਿਟੀ ਦੇ ਸਹਿਯੋਗ ਇਹ ਸਲਾਨਾ ਸਮਾਗਮ ਕੀਤਾ ਜਾ ਰਿਹਾ ਹੈ।

## ਗੁਰੂਕੁਲ ਸਕੂਲ ਦੇ ਪ੍ਰਿੰਸੀਪਲ ਡਾ. ਧਵਨ ਕੁਮਾਰ ਨੂੰ ਅਕੈਡਈਲਾਈਟ ਐਜੂਆਈਕਨ ਐਵਾਰਡ ਨਾਲ ਕੀਤਾ ਗਿਆ ਸਨਮਾਨਿਤ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ




ਕੋਟਕਪੂਰਾ, 8 ਮਈ : ਇਤਿਹਾਸ ਗਵਾਹ ਹੈ ਕਿ ਵਿਅਕਤੀ ਦੁਆਰਾ ਦੇਖੇ ਗਏ ਸੁਪਨੇ ਪੂਰੇ ਕਰਨ ਪਿੱਛੇ ਉਸਦੀ ਅਣਥੱਕ ਮਿਹਨਤ ਅਤੇ ਕੋਸ਼ਿਸ਼ ਹੁੰਦੀ ਹੈ। ਕਾਮਯਾਬੀ ਅਤੇ ਸਫ਼ਲਤਾ ਉਸ ਨੂੰ ਹੀ ਮਿਲਦੀ ਹੈ ਜੋ ਉਸਨੂੰ ਪਾਉਣ ਲਈ ਦ੍ਰਿੜ ਸ਼ਕਤੀ ਨਾਲ ਅੱਗੇ ਵਧਦਾ ਹੈ । ਇਹਨਾਂ ਸ਼ਬਦਾਂ ਦੀ ਤਰਜਮਾਨੀ ਕਰਨ ਵਾਲੀ ਸ਼ਖਸੀਅਤ ਬਾਰੇ ਦੱਸਦੇ ਹੋਏ ਮਾਣ ਮਹਿਸੂਸ ਕਰ ਰਹੇ ਹਾਂ ਕਿ ਵਿੱਦਿਅਕ ਸੰਸਥਾ ਐਸ.ਬੀ.ਆਰ.ਐਸ. ਗੁਰੂਕੁਲ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਧਵਨ ਕੁਮਾਰ ਜੀ ਨੇ ਪਿਛਲੇ ਦਿਨੀਂ ਜੀ.ਐਸ.ਐਲ.ਸੀ. ਅਕੈਡਈਲਾਈਟ ਐਵਾਰਡ ਹਾਸਿਲ ਕਰਕੇ ਜਿੱਥੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ ਉੱਥੇ ਹੀ ਮੋਹਰੀ ਸਕੂਲਾਂ ਵਿੱਚੋਂ ਚੁਣੇ ਗਏ ਤਜ਼ਰਬੇਕਾਰ ਪ੍ਰਿੰਸੀਪਲਾਂ ਦੀ ਸੂਚੀ ਵਿੱਚ ਆਪਣਾ ਨਾਮ ਦਰਜ ਕੀਤਾ ਹੈ। ਡਾ. ਧਵਨ ਕੁਮਾਰ ਜੀ ਦੀਆਂ ਵਿਲੱਖਣ ਪ੍ਰਾਪਤੀਆਂ, ਉਪਲੱਬਧੀਆਂ,ਮਿਹਨਤਾਂ, ਅਣਥੱਕ ਕੋਸ਼ਿਸ਼ਾਂ ਅਤੇ ਸ਼ਲਾਘਾਯੋਗ ਕੰਮਾਂ ਨੂੰ ਦੇਖਦੇ ਹੋਏ ‘ਹੋਟਲ ਹੋਲੀਡੇ ਇੰਨ, ਮਯੂਰ ਵਿਹਾਰ ਨਵੀਂ ਦਿੱਲੀ’ ਵਿਖ਼ੇ ਇੱਕ ਵੱਡੇ ਪੱਧਰ ‘ਤੇ ਕੀਤੇ ਗਏ ਐਵਾਰਡ ਵੰਡ ਸਮਾਰੋਹ ਵਿੱਚ ਸੱਦਿਆ ਗਿਆ ਜਿੱਥੇ ਪੂਰੇ ਭਾਰਤ ਵਿੱਚੋਂ ਵੱਖ-ਵੱਖ ਕੋਨਿਆਂ ਜੈਪੁਰ, ਜੋਧਪੁਰ, ਭੀਵਾਨੀ,ਮੁੰਬਈ, ਕੇਰਲਾ, ਪੂਨੇ, ਦਿੱਲੀ, ਬੰਗਲੌਰ, ਉੱਤਰਪ੍ਰਦੇਸ਼, ਮੱਧ ਪ੍ਰਦੇਸ਼, ਹੈਦਰਾਬਾਦ, ਤੋਂ ਇਲਾਵਾ ਸੂਬਾ ਪੰਜਾਬ ਵਿੱਚੋਂ ਜ਼ਿਲ੍ਹਾ ਲੁਧਿਆਣਾ ਅਤੇ ਮੋਗਾ ਦੇ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲਾਂ ਦੁਆਰਾ ਸ਼ਿਰਕਤ ਕੀਤੀ ਗਈ। ਜਿਹਨਾਂ ਵਿੱਚੋਂ ਸੂਬਾ ਪੰਜਾਬ ਭਰ ਦੇ ਜ਼ਿਲ੍ਹਾ ਮੋਗਾ ਵਿੱਚੋਂ ਐਸ. ਬੀ. ਆਰ. ਐਸ. ਗੁਰੂਕੁਲ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਧਵਨ ਕੁਮਾਰ ਜੀ ਨੂੰ ਅਕੈਡਈਲਾਈਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਐਵਾਰਡ ਸਮਾਰੋਹ ਵਿੱਚ ਵੱਡੇ- ਵੱਡੇ ਵਿਦਵਾਨਾਂ ਨੇ ਸ਼ਿਰਕਤ ਕੀਤੀ। ਸਮਾਰੋਹ ਵਿੱਚ ਚੀਫ਼ ਗੈਸਟ ਦੇ ਤੌਰ ਤੇ ਪੁਹੰਚਣ ਵਾਲੇ ਮਹਿਮਾਨ ਸ਼੍ਰੀਮਾਨ ਪੰਕਜ ਸ਼ਰਮਾ(ਫਾਊਂਡਰ ਐਂਡ ਸੀ.ਈ.ਓ ਆਫ. ਜੀ.ਐਸ. ਐਲ.ਸੀ. ਅਤੇ ਸ਼੍ਰੀਮਤੀ ਪੂਜਾ ਯਾਦੁਵੀਰ(ਡਾਇਰੈਕਟਰ ਅਕੈਡਮਿਕਸ) ਜੀ ਨੇ ਜਿੱਥੇ ਇਸ ਐਵਾਰਡ ਸਮਾਰੋਹ ਦੀ ਪ੍ਰਤਿਨਿਧਤਾ ਕੀਤੀ ਉੱਥੇ ਹੀ ਡਾ. ਧਵਨ ਕੁਮਾਰ ਜੀ ਨੂੰ ਆਪਣੇ ਹੱਥਾਂ ਨਾਲ ਅਵਾਰਡ ਭੇਟ ਕਰਕੇ ਸਨਮਾਨਿਤ ਕੀਤਾ। ਇਹਨਾਂ ਸਾਰੇ ਉੱਚ ਵਿਦਵਾਨਾਂ ਦੁਆਰਾ ਇਸ ਸਮਾਰੋਹ ਵਿੱਚ ਚੁਣੇ ਗਏ ਸਾਰੇ ਪ੍ਰਿੰਸੀਪਲਾਂ ਨੂੰ ਸਨਮਾਨਿਤ ਕੀਤਾ ਗਿਆ । ਸ਼੍ਰੀ ਧਵਨ ਕੁਮਾਰ ਜੀ ਦੇ ਇਸ ਵਿਲੱਖਣ ਪ੍ਰਾਪਤੀ, ਅਕੈਡਇਲਾਈਟ ਐਵਾਰਡ ਪ੍ਰਾਪਤ ਕਰਨ ਮਗਰੋਂ ਸਕੂਲ ਪਰਤਣ ਤੇ ਸਕੂਲ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਉਹਨਾਂ ਦਾ ਖਿੜ੍ਹੇ ਮੱਥੇ ਸੁਆਗਤ ਕੀਤਾ ਗਿਆ । ਡਾ. ਧਵਨ ਕੁਮਾਰ ਜੀ ਨੇ ਸਕੂਲ ਵਿੱਚ ਪੁਹੰਚ ਕੇ ਜਿੱਥੇ ਆਪਣੇ ਵਿਦਿਆਰਥੀ ਜੀਵਨ ਤੋਂ ਹੁਣ ਤੱਕ ਦੇ ਸਫ਼ਰ ਬਾਰੇ ਦੱਸਿਆ ਉੱਥੇ ਹੀ ਗੁਰੂਕੁਲ ਸਕੂਲ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਜੀਵਨ ਵਿੱਚ ਪ੍ਰਾਪਤੀਆਂ ਕਰਨ ਲਈ ਪ੍ਰੇਰਿਤ ਵੀ ਕੀਤਾ।

## ਦੱਸਦੀ ਸੀ ਦਾਦੀ

ਵਕਤ ਦੇ ਨਾਲ਼ ਦਾਦੀ ਸਾਰੇ ਹੀ ਕੰਮ ਨਿਬੇੜਦੀ ਸੀ,
ਖਾਲੀ ਸਮੇਂ ਵਿੱਚ ਅਟੇਰਨ ਉੱਤੇ ਸੂਤ ਅਟੇਰਦੀ ਸੀ।

ਰਾਤ ਨੂੰ ਸੌਂਣ ਤੋਂ ਪਹਿਲਾਂ ਸੁਣਾਉਂਦੀ ਸੀ ਕਹਾਣੀਆਂ,
ਬਹਿਣ ਤੋਂ ਵਰਜਦੀ ਸੀ ਵਿੱਚ ਕੁਸੰਗਤੀ ਢਾਣੀਆਂ।

ਘੂਰੀ ਵੱਟ ਡਰਾਉਂਦੀ ਸੀ ਜਦੋਂ ਕਰਨੀਆਂ ਸ਼ਰਾਰਤਾਂ,
ਸਿਆਣੀਆਂ ਗੱਲਾਂ ਦੇ ਨਾਲ਼ ਪਾਉਂਦੀ ਸੀ ਬੁਝਾਰਤਾਂ।

ਅਦਬ ਸਤਿਕਾਰ ਦੀਆਂ ਅਕਸਰ ਦੱਸਦੀ ਸੀ ਗੱਲਾਂ,
ਦੱਸਦੀ ਸੀ ਕਾਮਯਾਬ ਲੋਕਾਂ ਦੀਆਂ ਮਾਰੀਆਂ ਮੱਲਾਂ।

ਘਰ ਦੀਆਂ ਲੋੜਾਂ ਲਈ ਖਾਲੀ ਕਰ ਦਿੰਦੀ ਸੀ ਖੀਸਾ,
ਅਕਲ ਨੂੰ ਵੰਡਣ ਸਮੇਂ ਦਿਖਾਉਂਦੀ ਸੀ ਅਸਲ ਸ਼ੀਸ਼ਾ।

ਕੁੱਤੇ ਬਿੱਲੇ ਦੇ ਬਚਾਅ ਤੋਂ ਹੱਥ ਵਿੱਚ ਰੱਖਦੀ ਸੀ ਸੋਟੀ,
ਝੱਟ ਦੱਸ ਦਿੰਦੀ ਸੀ ਫਲਾਣੇ ਬੰਦੇ ਦੀ ਨੀਅਤ ਹੈ ਖੋਟੀ।

ਦੱਸਦੀ ਸੀ ਜਿਸਦੀ ਕੋਠੀ ਦਾਣੇ ਉਸਦੇ ਝੱਲੇ ਸਿਆਣੇ,
‘ਦੇਵ’ ਬੜੇ ਲਾਡ ਨਾਲ਼ ਪਾਲਦੀ ਸੀ ਘਰ ਦੇ ਨਿਆਣੇ।



ਵਰਲਡ ਪੰਜਾਬੀ ਟਾਈਮਜ਼ ਲੈਕਚਰਾਰ ਦਵਿੰਦਰ ਪਾਲ ਬਾਤਿਸ਼